# ਸੋਮਵਾਰ 14 ਅਗੱਸਤ 2017 ਤੋਂ ਐਤਵਾਰ 20 ਅਗੱਸਤ 2017 ਤੱਕ

- **16.08.17 ਬੁੱਧਵਾਰ: - ਭਾਦੋਂ ਦੀ ਸੰਗ੍ਰਾਂਦ ਦਾ ਦਿਨ ਹੈ।**
  **4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ ਦੇਗਾਂ ਦੀਆਂ ਸੇਵਾਵਾਂ: - ਸ੍ਰ: ਮਨਜੀਤ ਸਿੰਘ ਸੇਖੋਂ, ਸ੍ਰ: ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **17.08.17 ਵੀਰਵਾਰ:- 6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

  **18.08.17 ਸ਼ੁਕਰਵਾਰ:- 10.00 ਵਜ਼ੇ:-** ਸ੍ਰ ਨੌਬਤ ਸਿੰਘ ਨੌਰੰਗ ਅਤੇ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।
- ਦੇਗਾਂ ਦੀਆਂ ਸੇਵਾਵਾਂ: - ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

- **19.08.17 ਸ਼ਨਿਚਰਵਾਰ: - 10.00 ਵਜੇ:-** ਸ ਸ਼ਿੰਦਰ ਸਿੰਘ ਗਿੱਲ ਦੀ ਸਪੁਤ੍ਰੀ ਦਾ ਅਨੰਦ ਕਾਰਜ ਹੋਵੇਗਾ ਉਪਰਲੇ ਹਾਲ ਵਿਚ ਹੋਵੇਗਾ ਅਤੇ ਰਜਿਸਟਰ ਭੀ ਹੋਣਾ ਹੈ। 4.00 ਵਜ਼ੇ:- ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **20.08.17 ਐਤਵਾਰ:-**
- **8.30 ਵਜ਼ੇ**: - ਸ੍ਰ ਨੌਬਤ ਸਿੰਘ ਨੌਰੰਗ ਅਤੇ ਪਰਿਵਾਰ ਵੱਲੋਂ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 8.30 ਵਜ਼ੇ ਪੈਣਗੇ ਉਪਰੰਤ ਸਵ ਸ੍ਰ ਗੁਰਮੁਖ ਸਿੰਘ ਚੱਕਾਂ ਦੇ ਪਰਿਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਭਾਈ ਜਰਨੈਲ ਸਿੰਘ ਜੀ ਦਾ ਢਾਡੀ ਜਥਾ ਹਾਜਰੀ ਭਰੇਗਾ, ਦੇਗ ਦੀ ਸੇਵਾ ਬੀਬੀ ਬਲਵੀਰ ਕੌਰ ਵਲੋਂ ਹੋਵੇਗੀ।
- ਸ ਸੁਰਿੰਦਰ ਸਿੰਘ ਮੇਹਟ ਦੀ ਸਪੁਤ੍ਰੀ ਦਾ ਅਨੰਦ ਕਾਰਜ ਉਪਰਲੇ ਹਾਲ ਵਿਚ ਹੋਵੇਗਾ ਅਤੇ ਰਜਿਸਟਰ ਭੀ ਹੋਣਾ ਹੈ।
- Summer holiday in Punjabi School
- Join Paath Class from 10.45- 11.30 or 11.30-12.15 from September. Contact Mrs hayer or in library 07885767715
- 26 ਅਗੱਸਤ ਜਨਮ ਦਿਨ ਭਾਈ ਦਿਆ ਸਿੰਘ ਜੀ
- 30 ਅਗੱਸਤ ਸੰਪੂਰਨਤਾ ਗੁਰੂ ਗ੍ਰੰਥ ਸਾਹਿਬ ਜੀ
- 31 ਅਗੱਸਤ ਸ਼ਹੀਦੀ ਭਾਈ ਦਿਲਾਵਰ ਸਿੰਘ ਜੀ

| |
|---|
| **Note: - Day & Time to book wedding in the Gurdwara Sahib: -** Wednesday: 11.00 AM –1.00 PM, Saturday: 11.00AM --1.00 PM, Sunday: 1.00PM--2.00PM. Contact S. Sadhu Singh Chhokar (General Secretary) 01274- 727938, Mob:- 07931833376 |

**Wednesday-Dastaar Sajauni class- from 5.15 PM -6.30 PM. Rehrass Sahib recited by children at 6.00 PM. Sikh Studies Classes for children age 5 up to GCSE level. Saturday-Sikh Studies Classes for children age 5 up to GCSE Level. From 4.00 PM-5.30 PM. Sunday- Children Paath classes up to Sukhmani Sahib First Group: 10.45 AM-11.30 AM. Second Group 11.30 AM-12.15 PM**

ਭਾਦੁਇ ਭਰਮਿ ਭੁਲਾਣੀਆ ਦੂਜੈ ਲਗਾ ਹੇਤੁ ॥ ਲਖ ਸੀਗਾਰ ਬਣਾਇਆ ਕਾਰਜਿ ਨਾਹੀ ਕੇਤੁ ॥ ਜਿਤੁ ਦਿਨਿ ਦੇਹ ਬਿਨਸਸੀ ਤਿਤੁ ਵੇਲੈ ਕਹਸਨਿ ਪ੍ਰੇਤੁ ॥ ਪਕੜਿ ਚਲਾਇਨਿ ਦੂਤ ਜਮ ਕਿਸੈ ਨ ਦੇਨੀ ਭੇਤੁ ॥ ਛਡਿ ਖੜੋਤੇ ਖਿਨੈ ਮਾਹਿ

ਜਿਨ ਸਿਉ ਲਗਾ ਹੇਤੁ ॥ ਹਥ ਮਰੋੜੈ ਤਨੁ ਕਪੇ ਸਿਆਹਹੁ ਹੋਆ ਸੇਤੁ ॥ ਜੇਹਾ ਬੀਜੈ ਸੋ ਲੁਣੈ ਕਰਮਾ ਸੰਦੜਾ ਖੇਤੁ ॥ ਨਾਨਕ ਪ੍ਰਭ ਸਰਣਾਗਤੀ ਚਰਣ ਬੋਹਿਥ ਪ੍ਰਭ ਦੇਤੁ ॥ ਸੇ ਭਾਦੁਇ ਨਰਕਿ ਨ ਪਾਈਅਹਿ ਗੁਰੁ ਰਖਣ ਵਾਲਾ ਹੇਤੁ ॥੭॥ {ਪੰਨਾ 134}

ਪਦਅਰਥ:- ਭਾਦੁਇ—ਭਾਦਰੋਂ ਦੇ ਮਹੀਨੇ ਵਿਚ । ਭਰਮਿ—ਭਟਕਣਾ ਵਿਚ । ਭੁਲਾਣੀਆ—ਕੁਰਾਹੇ ਪੈ ਜਾਂਦੀ ਹੈ । ਹੇਤੁ—ਹਿਤ, ਪਿਆਰ । ਕੇਤੁ ਕਾਰਜਿ—ਕਿਸੇ ਕੰਮ ਵਿਚ । ਜਿਤੁ—ਜਿਸ ਵਿਚ । ਦਿਨਿ—ਦਿਨ ਵਿਚ । ਦੇਹ—ਸਰੀਰ । ਕਹਸਨਿ—ਆਖਣਗੇ । ਬਿਨਸਸੀ—ਬਿਨਸੇਗੀ । ਪ੍ਰੇਤ—ਗੁਜ਼ਰ ਚੁਕਿਆ, ਅਪਵਿਤ੍ਰ । ਪਕੜਿ—ਫੜ ਕੇ । ਨ ਦੇਨੀ—ਨਹੀਂ ਦੇਂਦੇ, ਨ ਦੇਨਿ । ਸਿਆਹਹੁ—ਕਾਲੇ (ਰੰਗ) ਤੋਂ । ਸੇਤੁ—ਚਿੱਟਾ । ਕਪੇ—ਕੱਪੀਦਾ ਹੈ । ਲੁਣੈ—ਵੱਢਦਾ ਹੈ । ਖੇਤੁ—ਪੈਲੀ । ਸੰਦੜਾ—ਦਾ । ਬੋਹਿਥ—ਜਹਾਜ਼ । ਨਾ ਪਾਈਅਹਿ—ਨਹੀਂ ਪਾਏ ਜਾਂਦੇ । ਹੇਤੁ—ਹਿਤੂ, ਪਿਆਰ ਕਰਨ ਵਾਲਾ ।

ਅਰਥ:- (ਜਿਵੇਂ) ਭਾਦਰੋਂ (ਦੇ ਤ੍ਰਾਟਕੇ ਤੇ ਘੁੰਮੇ) ਵਿਚ (ਮਨੁੱਖ ਬਹੁਤ ਘਬਰਾਂਦਾ ਹੈ, ਤਿਵੇਂ) ਜਿਸ ਜੀਵ-ਇਸਤ੍ਰੀ ਦਾ ਪਿਆਰ ਪ੍ਰਭੂ-ਪਤੀ ਤੋਂ ਬਿਨਾ ਕਿਸੇ ਹੋਰ ਨਾਲ ਲੱਗਦਾ ਹੈ ਉਹ ਭਟਕਣਾ ਦੇ ਕਾਰਨ ਜੀਵਨ ਦੇ ਸਹੀ ਰਸਤੇ ਤੋਂ ਖੁੰਝ ਜਾਂਦੀ ਹੈ, ਉਹ ਭਾਵੇਂ ਲੱਖਾਂ ਹਾਰ ਸਿੰਗਾਰ ਕਰੇ, (ਉਸ ਦੇ) ਕਿਸੇ ਕੰਮ ਨਹੀਂ ਆਉਂਦੇ ।

ਜਿਸ ਦਿਨ ਮਨੁੱਖ ਦਾ ਸਰੀਰ ਨਾਸ ਹੋਵੇਗਾ (ਜਦੋਂ ਮਨੁੱਖ ਮਰ ਜਾਇਗਾ) ਉਸ ਵੇਲੇ (ਸਾਰੇ ਸਾਕ-ਅੰਗ) ਆਖਣਗੇ ਕਿ ਇਹ ਹੁਣ ਗੁਜ਼ਰ ਗਿਆ ਹੈ । (ਲੋਥ ਅਪਵਿਤ੍ਰ ਪਈ ਹੈ, ਇਸ ਨੂੰ ਛੇਤੀ ਬਾਹਰ ਲੈ ਚੱਲੋ) । ਜਮਦੂਤ (ਜਿੰਦ ਨੂੰ) ਫੜ ਕੇ ਅੱਗੇ ਲਾ ਲੈਂਦੇ ਹਨ, ਕਿਸੇ ਨੂੰ (ਇਹ) ਭੇਤ ਨਹੀਂ ਦੱਸਦੇ (ਕਿ ਕਿੱਥੇ ਲੈ ਚੱਲੇ ਹਾਂ) । (ਜਿਨ੍ਹਾਂ ਸੰਬੰਧੀਆਂ ਨਾਲ (ਸਾਰੀ ਉਮਰ ਬੜਾ) ਪਿਆਰ ਬਣਿਆ ਰਹਿੰਦਾ ਹੈ ਉਹ ਪਲ ਵਿਚ ਹੀ ਸਾਥ ਛੱਡ ਬੈਠਦੇ ਹਨ ।

(ਮੌਤ ਆਈ ਵੇਖ ਕੇ ਮਨੁੱਖ) ਬੜਾ ਪਛੁਤਾਂਦਾ ਹੈ, ਉਸ ਦਾ ਸਰੀਰ ਔਖਾ ਹੁੰਦਾ ਹੈ, ਉਹ ਕਾਲੁ ਤੋਂ ਚਿੱਟਾ ਪਿਆ ਹੁੰਦਾ ਹੈ (ਘਬਰਾਹਟ ਨਾਲ ਇਕ ਰੰਗ ਆਉਂਦਾ ਹੈ ਇਕ ਜਾਂਦਾ ਹੈ) । ਇਹ ਸਰੀਰ ਮਨੁੱਖ ਦੇ ਕੀਤੇ ਕਰਮਾਂ ਦਾ ਖੇਤ ਹੈ, ਜੋ ਕੁਝ ਮਨੁੱਖ ਇਸ ਵਿਚ ਬੀਜਦਾ ਹੈ ਉਹੀ ਫ਼ ਸਲ ਵੱਢਦਾ ਹੈ (ਜੇਹੇ ਕਰਮ ਕਰਦਾ ਹੈ, ਤੇਹਾ ਫਲ ਪਾਂਦਾ ਹੈ) ।

ਹੇ ਨਾਨਕ! ਜਿਨ੍ਹਾਂ ਦਾ ਰਾਖਾ ਤੇ ਹਿਤੂ ਗੁਰੂ ਬਣਦਾ ਹੈ, ਉਹ ਨਰਕ ਵਿਚ ਨਹੀਂ ਪਾਏ ਜਾਂਦੇ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹ ਪ੍ਰਭੂ ਦੀ ਸਰਨ ਵਿਚ ਆ ਜਾਂਦੇ ਹਨ, ਗੁਰੂ ਉਹਨਾਂ ਨੂੰ ਪ੍ਰਭੂ ਦੇ ਚਰਨ-ਰੂਪ ਜਹਾਜ਼ (ਵਿਚ ਚੜ੍ਹਾ) ਦੇਂਦਾ ਹੈ ।੭।